## VIGILANCE BUREAU PUNJAB

## Vigilance nabs ASI for taking bribe Rs. 7,000

Chandigarh, February 6: Punjab Vigilance Bureau, today nabbed an Assistant Sub Inspector (ASI) posted at Anti Fraud Staff Ferozepur red handed while accepting bribe of Rs 7,000.

Disclosing this here an official spokesperson of the Vigilance Bureau said ASI Kulwant Chand was nabbed red handed on the complaint of Sukhwinder Singh of village Beri Kadrabad, Ferozepur. The complainant has approached the VB and alleged that the accused ASI was demanding Rs 15,000 to help him in a complaint case and the deal was struck at Rs. 12,000. He further said that he had paid Rs. 5,000 as a first instalment to the accused ASI.

After verifying his information, the vigilance team laid a trap and the accused ASI was arrested on the spot while taking bribe of Rs. 7,000 of second instalment from the complainant in the presence of two official witnesses.

He informed that a case under Prevention of Corruption Act has been registered against the accused VB police station Ferozepur and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 6 ਫਰਵਰੀ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਐਂਟੀ ਫਰਾਡ ਸਟਾਫ, ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ. ਕੁਲਵੰਤ ਚੰਦ ਨੂੰ 7,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਖਵਿੰਦਰ ਸਿੰਘ ਵਾਸੀ ਪਿੰਡ ਬੇਰੀ ਕਾਦਰਾਬਾਦ, ਫਿਰੋਜਪੁਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਖਿਲਾਫ਼ ਦਿੱਤੀ ਦਰਖਾਸਤ ’ਤੇ ਕਾਰਵਾਈ ਨਾ ਕਰਨ ਅਤੇ ਕੇਸ ਉਸ ਦੇ ਹੱਕ ਵਿਚ ਕਰਨ ਬਾਦਲੇ ਏ.ਐਸ.ਆਈ ਵਲੋਂ 15,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 12,000 ਰੁਪਏ ਵਿਚ ਤੈਅ ਹੋਇਆ ਹੈ ਅਤੇ ਉਸ ਵਲੋਂ 5,000 ਰੁਪਏ ਪਹਿਲੀ ਕਿਸ਼ਤ ਦੇ ਵਜੋ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਸਰੀ ਕਿਸ਼ਤ ਦੇ 7,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----